# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋ ਨੰ::Transfer Cell/2025/322388/੩੧੭੭ ਮਿਤੀ: 13.09.2025

ਜਨਤਕ ਸੂਚਨਾਂ

1.0 ਸਾਲ 2025 ਦੌਰਾਨ ਜਾਰੀ ਜਨਤਕ ਸੂਚਨਾਂ ਰਾਹੀਂ ਅਧਿਆਪਕਾਂ, ਕੰਪਿਊਟਰ ਫੈਕਲਟੀ ਅਤੇ ਕਰਮਚਾਰੀ ਜੋ ਪਾਲਿਸੀ ਅਨਸਾਰ ਕਵਰ ਹੁੰਦੇ ਸਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਸਨ ਉਹਨਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮੰਗੀਆਂ ਗਈਆਂ ਸਨ। ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭੌਰਿਆ ਗਿਆ ਸੀ ਉਸ ਦੀ ਤਸਦੀਕ ਸਕੂਲ ਮੁੱਖੀ/ ਡੀ.ਡੀ.ਓ ਵੱਲੋਂ ਕੀਤੀ ਗਈ ਸੀ।

2.0 ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜਿਲ੍ਹੇ ਦੇ ਅੰਦਰ (Within District) ਅਤੇ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਮਿਤੀ 22.08.2025 ਅਤੇ 06.09.2025 ਨੂੰ ਅਪਲੋਡ ਕਰ ਦਿੱਤੇ ਗਏ ਹਨ।

3.0 ਵਿਭਾਗ ਵਲੋਂ ਬਦਲੀਆਂ ਦੇ ਤੀਜੇ ਗੇੜ ਦੌਰਾਨ ਆਪਸੀ (Mutual Transfer) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਆਪਸੀ ਬਦਲੀ (Mutual Transfer) ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ ਮਿਤੀ 13.09.2025 ਤੋਂ 14.09.2025 ਤੱਕ ਆਪਸਨ ਦੇ ਸਕਦੇ ਹਨ।

4.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਆਪਸੀ ਬਦਲੀ ਲਈ ਆਨਲਾਈਨ ਅਪਲਾਈ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

ਸਹਾਇਕ ਡਾਇਰੈਕਟਰ (ਟਰਾਸਫਰ ਸੈੱਲ)

Scanned with CamScanner